## Vigilance Bureau Punjab

# VIGILANCE NABS SUB-INSPECTOR FOR TAKING BRIBE OF RS. 1 Lakh

Chandigarh, March 6: State Vigilance Bureau nabbed a Sub Inspector red handed for accepting bribe of Rs 1 lakh.

Disclosing this here an official spokesperson of the Vigilance Bureau said Sub Inspector Rajwant Singh posted at police station SSOC, Fazilka was nabbed red handed while accepting bribe of Rs. 1,00,000 from complainant Gurlal Singh resident of Dhodrian Wali Gali, Moga district.

The complainant has approached the VB and alleged that the above said accused has been demanding Rs. 3 Lakh to return his licensed revolver back him as he had got bail from the court in a NDPS case but the deal was struck at Rs. 2 lakh.

After verifying his information, the Vigilance team laid a trap and the accused sub inspector was arrested on the spot while accepting bribe of Rs. 1,00,000/- as a first installment from the complainant in the presence of two official witnesses.

He informed that a case under Prevention of Corruption Act has been registered against the accused at VB police station Ferozepur and further investigation was under progress.

----------

**ਵਿਜੀਲੈਂਸ ਬਿਓਰੋ ਪੰਜਾਬ**

## ਵਿਜੀਲੈਂਸ ਵੱਲੋਂ ਥਾਣੇਦਾਰ ਇਕ ਲੱਖ ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 6 ਮਾਰਚਃ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਥਾਣਾ ਐਸ.ਐਸ.ਓ.ਸੀ, ਫਾਜਿਲਕਾ ਵਿਖੇ ਤਾਇਨਾਤ ਸਬ ਇੰਸਪੈਕਟਰ, ਰਜਵੰਤ ਸਿੰਘ ਨੂੰ 1,00,000 ਰੁਪਏ ਦੀ ਰਿਸ਼ਵਤ ਲੈਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਸੀ ਸਬ ਇੰਸਪੈਕਟਰ ਰਜਵੰਤ ਸਿੰਘ ਨੂੰ ਸ਼ਿਕਾਇਕਕਰਤਾ ਗੁਰਲਾਲ ਸਿੰਘ ਵਾਸੀ ਦੋਧਰੀਆਂ ਵਾਲੀ ਗਲੀ ਜਿਲਾ ਮੋਗਾ ਦੀ ਸ਼ਿਕਾਇਤ ’ਤੇ 1,00,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਨੂੰ ਆਪਣੀ ਸ਼ਿਕਾਇਤ ਵਿਚ ਦੱਸਿਆ ਕਿ ਉਸ ਨੂੰ ਅਦਾਲਤ ਵਿਚੋ ਐਨ.ਡੀ.ਪੀ.ਐਸ ਕੇਸ ਵਿਚ ਜਮਾਨਤ ਮਿਲਣ ਉਪਰੰਤ ਉਕਤ ਸਬ ਇੰਸਪੈਕਟਰ ਵਲੋਂ ਉਸ ਦਾ ਲਾਇਸੰਸੀ ਪਿਸਤੋਲ ਵਾਪਸ ਕਰਨ ਬਦਲੇ 3 ਲੱਖ ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 2 ਲੱਖ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਸਬ ਇੰਸਪੈਕਟਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਪਹਿਲੀ ਕਿਸ਼ਤ ਦੇ 1,00,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਉਕਤ ਦੋਸ਼ੀ ਵਿਰੁੱਧ ਫਿਰੋਜਪੁਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।